# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 17-07-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਫਾਈ ਦੇਸ਼ ਦੀ ਸੱਭਿਆਚਾਰਕ ਚੇਤਨਾ ਦੀ ਨੀਂਹ ਏ। ਰਾਸ਼ਟਰਪਤੀ ਨੇ ਇਹ ਟਿੱਪਣੀ ਨਵੀਂ ਦਿੱਲੀ ਵਿੱਚ ਹੋਏ ਇੱਕ ਸਮਾਰੋਹ ਵਿੱਚ “ਸਵੱਛ ਸਰਵੇਖਣ 2024-25 award” ਪ੍ਰਦਾਨ ਕਰਦਿਆਂ ਕੀਤੀ। ਸਵੱਛ ਭਾਰਤ ਮਿਸ਼ਨ ਤਹਿਤ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕਰਦੇ ਹੋਏ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਸਵੱਛ ਸਰਵੇਖਣ ਇੱਕ ਸਫਲ ਪਹਿਲਕਦਮੀ ਸਾਬਤ ਹੋਈ ਏ-

**byte-**

ਇੰਦੌਰ ਨੇ ਲਗਾਤਾਰ ਅੱਠਵੇਂ ਸਾਲ ਭਾਰਤ ਦੇ ਸਭ ਤੋਂ ਸਾਫ਼ ਸ਼ਹਿਰ ਵਜੋਂ ਆਪਣਾ ਖਿਤਾਬ ਬਰਕਰਾਰ ਰੱਖਿਆ। ਸੂਰਤ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਨਵੀਂ ਮੁੰਬਈ ਕੇਂਦਰ ਸਰਕਾਰ ਦੇ ਸਾਲਾਨਾ ਸਫਾਈ

ਸਰਵੇਖਣ ਵਿੱਚ ਤੀਜੇ ਸਥਾਨ 'ਤੇ ਰਿਹਾ। ਸਮਾਗਮ ਦੌਰਾਨ, ਵੱਖ-ਵੱਖ ਸ਼੍ਰੇਣੀਆਂ ਵਿੱਚ ਕੁੱਲ 78 award ਪ੍ਰਦਾਨ ਕੀਤੇ ਗਏ। ਇਸ ਸਾਲ, award ਚਾਰ ਸ਼੍ਰੇਣੀਆਂ ਵਿੱਚ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਸੁਪਰ ਸਵੱਛ ਲੀਗ ਸ਼ਹਿਰ ਅਤੇ ਪੰਜ ਵੱਖ-ਵੱਖ ਆਬਾਦੀ ਸ਼੍ਰੇਣੀਆਂ ਵਿੱਚ ਚੋਟੀ ਦੇ ਤਿੰਨ ਸਭ ਤੋਂ ਸਾਫ਼ ਸ਼ਹਿਰ ਸ਼ਾਮਲ ਨੇ।

-----------------------------------------------------------

ਨਵਿਆਉਣਯੋਗ ਊਰਜਾ ਦੀ ਵਰਤੋਂ ਕਰਨ ਲਈ ਇੱਕ ਵੱਡੀ ਪਹਿਲਕਦਮੀ ਵਜੋਂ, ਪੰਜਾਬ ਮੰਡੀ ਬੋਰਡ ਜਲੰਧਰ, ਪਟਿਆਲਾ, ਫਿਰੋਜ਼ਪੁਰ ਅਤੇ ਲੁਧਿਆਣਾ ਦੀਆਂ ਅਨਾਜ ਮੰਡੀਆਂ ਵਿੱਚ 24.5 ਕਰੋੜ ਰੁਪਏ ਦੀ ਲਾਗਤ ਨਾਲ ਸੂਰਜੀ ਊਰਜਾ ਪਲਾਂਟ ਲਗਾਉਣ ਦੀ ਯੋਜਨਾ ਬਣਾ ਰਿਹਾ ਏ ਅਤੇ ਚੁਗਿਰਦੇ ਪ੍ਰਤੀ ਸੁਖਾਵੀ ਇਸ ਪਹਿਲਕਦਮੀ ਨਾਲ ਸਾਲਾਨਾ ਬਿਜਲੀ ਖਰਚਿਆਂ ਵਿੱਚ ਲਗਭਗ ਸਾਢੇ 3 ਕਰੋੜ ਰੁਪਏ ਦੀ ਬਚਤ ਹੋਣ ਦੀ ਉਮੀਦ ਏ. ਇਹ ਜਾਣਕਾਰੀ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਦਿੱਤੀ।ਸ਼੍ਰੀ ਬਰਸਟ ਨੇ ਪੰਜਾਬ ਮੰਡੀ ਬੋਰਡ ਦੇ ਸੀਨੀਅਰ

ਅਧਿਕਾਰੀਆਂ ਨਾਲ ਮਿਲ ਕੇ ਅਨਾਜ ਮੰਡੀਆਂ, ਫਲ ਅਤੇ ਸਬਜ਼ੀ ਮੰਡੀਆਂ, ਮਾਰਕੀਟ ਕਮੇਟੀਆਂ ਅਤੇ ਈ-ਨਾਮ ਵਿਖੇ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਚੇਅਰਮੈਨ ਨੇ ਅੱਗੇ ਕਿਹਾ ਕਿ ਪੰਜਾਬ ਮੰਡੀ ਬੋਰਡ ਰਾਜ ਭਰ ਦੀਆਂ ਮੰਡੀਆਂ ਵਿੱਚ 50 ਹਜ਼ਾਰ ਤੋਂ ਵੱਧ ਬੂਟੇ ਲਾਏਗਾ. ਇਹ ਪਹਿਲਕਦਮੀ ਪੰਜਾਬ ਭਰ ਦੀਆਂ ਮੰਡੀਆਂ ਵਿੱਚ ਅਤੇ ਆਲੇ-ਦੁਆਲੇ ਹਰਿਆਵਲ ਨੂੰ ਵਧਾਉਣ ਅਤੇ ਚੁਗਿਰਦਾ ਸਥਿਰਤਾ ਨੂੰ ਉਤਸ਼ਾਹਿਤ ਕਰਨ ਲਈ ਬੋਰਡ ਦੀ ਵਚਨਬੱਧਤਾ ਨੂੰ ਉਜਾਗਰ ਕਰਦੀ ਏ। ਚੇਅਰਮੈਨ ਨੇ ਅਧਿਕਾਰੀਆਂ ਨੂੰ ਤਲਵੰਡੀ ਸਾਬੋ ਵਿਖੇ ਸਥਿਤ ਗੈਸਟ ਹਾਊਸ ਦੀ ਮੁਰੰਮਤ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਇਸਨੂੰ ਕਿਸਾਨ ਭਵਨ, ਚੰਡੀਗੜ੍ਹ ਦੀ ਤਰਜ਼ 'ਤੇ ਚਲਾਇਆ ਜਾ ਸਕੇ। ਓਹਨਾਂ ਨੇ ਅਧਿਕਾਰੀਆਂ ਨੂੰ ਰਾਜ ਵਿੱਚ ਮੰਡੀਆਂ ਦੇ ਅਹਾਤੇ ਤੋਂ ਤੁਰੰਤ ਕਬਜ਼ੇ ਹਟਾਉਣ ਦੇ ਨਿਰਦੇਸ਼ ਦਿੱਤੇ, ਜਦੋਂ ਕਿ ਸਬਜ਼ੀ ਮੰਡੀਆਂ ਵਿੱਚ ਸਫਾਈ ਬਣਾਈ ਰੱਖਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਪੈਦਾ ਹੋਣ ਵਾਲੇ ਕੂੜੇ ਦੇ

ਰੋਜ਼ਾਨਾ ਨਿਪਟਾਰੇ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਇਸ ਜੈਵਿਕ ਕੂੜੇ ਤੋਂ ਆਮਦਨ ਪੈਦਾ ਕਰਨ ਦੇ ਯਤਨ ਕਰਨ ਦੇ ਵੀ ਨਿਰਦੇਸ਼ ਦਿੱਤੇ।

-----------------------------------------------------------------

ਪੰਜਾਬ ਦੇ ਬਾਗਬਾਨੀ, ਆਜ਼ਾਦੀ ਘੁਲਾਟੀਆਂ ਅਤੇ ਰੱਖਿਆ ਸੇਵਾਵਾਂ ਦੀ ਭਲਾਈ ਬਾਰੇ ਮੰਤਰੀ ਮੋਹਿੰਦਰ ਭਗਤ ਨੇ ਪੰਜਾਬ ਸਰਕਾਰ ਵੱਲੋਂ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਦ੍ਰਿੜ ਵਚਨਬੱਧਤਾ ਦੁਹਰਾਈ। ਕਲ੍ਹ ਜਲੰਧਰ ‘ਚ ਸਰਕਟ ਹਾਊਸ ਵਿਖੇ, ਸੀਨੀਅਰ ਅਧਿਕਾਰੀਆਂ ਅਤੇ ਵਪਾਰੀਆਂ ਨਾਲ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵਪਾਰੀ ਵਰਗ ਨਾਲ ਖੜ੍ਹੀ ਏ ਅਤੇ ਉਨ੍ਹਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਸ਼੍ਰੀ ਭਗਤ ਨੇ ਸਟੇਟ ਜੀ.ਐਸ.ਟੀ. ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਵਪਾਰੀਆਂ ਨੂੰ ਆਪਣੇ ਵਪਾਰ ਦੌਰਾਨ ਕੋਈ ਦਿੱਕਤ ਪੇਸ਼ ਨਾ ਆਵੇ।

-----------------------------------------------------------------

ਪਹਿਲੇ ਪਾਤਸ਼ਾਹ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ

ਲਈ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾਲੂਆਂ ਦਾ ਜਥਾ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਨਵੰਬਰ 2025 ਵਿਚ ਭੇਜਿਆ ਜਾਵੇਗਾ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਵੀਜ਼ਾ ਪ੍ਰਕਿਰਿਆ ਸ਼ੁਰੂ ਕੀਤੀ ਗਈ ਏ, ਜਿਸ ਤਹਿਤ ਸ਼ਰਧਾਲੂ ਆਪਣੇ ਪਾਸਪੋਰਟ 4 ਅਗਸਤ ਤੱਕ ਜਮ੍ਹਾ ਕਰਵਾ ਸਕਣਗੇ। ਸ਼੍ਰੋਮਣੀ ਕਮੇਟੀ ਦੇ ਸਕੱਤਰ ਸਰਦਾਰ ਪ੍ਰਤਾਪ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਹੜੇ ਸ਼ਰਧਾਲੂ ਇਸ ਇਤਿਹਾਸਕ ਪੁਰਬ ਮੌਕੇ ਪਾਕਿਸਤਾਨ ਸਥਿਤ ਗੁਰਦੁਆਰਾ ਪ੍ਰਕਾਸ਼ ਅਸਥਾਨ ਸ੍ਰੀ ਨਨਕਾਣਾ ਸਾਹਿਬ ਸਮੇਤ ਹੋਰ ਗੁਰਧਾਮਾਂ ਦੇ ਦਰਸ਼ਨ ਕਰਨਾ ਚਾਹੁੰਦੇ ਨੇ ਉਹ ਆਪਣੇ ਪਾਸਪੋਰਟ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਦੀ ਸ਼ਿਫਾਰਸ ਸਹਿਤ 4 ਅਗਸਤ ਤਕ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਯਾਤਰਾ ਵਿਭਾਗ ਵਿਚ ਭੇਜਣ। ਓਹਨਾਂ ਇਹ ਵੀ ਜਾਣਕਾਰੀ ਦਿੱਤੀ ਕਿ ਸ਼ਰਧਾਲੂਆਂ ਲਈ ਪਾਸਪੋਰਟ ਦੇ ਨਾਲ ਪਛਾਣ ਦੇ ਸਬੂਤ ਵਜੋਂ ਅਧਾਰ ਕਾਰਡ ਜਾਂ ਵੋਟਰ ਕਾਰਡ ਦੀ ਫੋਟੋ ਕਾਪੀ ਲਾਉਣੀ ਜ਼ਰੂਰੀ ਏ।

---

ਭਾਰਤ ਮੌਸਮ ਵਿਭਾਗ (IMD) ਨੇ ਕਿਹਾ ਏ ਕਿ ਅੱਜ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਦਿੱਲੀ, ਜੰਮੂ ਅਤੇ ਕਸ਼ਮੀਰ, ਤੇ ਲੱਦਾਖ, ਦੇ ਕੁਝ ਹਿੱਸਿਆਂ ਵਿੱਚ ਗਰਜ ਨਾਲ ਤੂਫਾਨ ਆਉਣ, ਬਿਜਲੀ ਚਮਕਣ ਅਤੇ ਤੇਜ਼ ਹਵਾਵਾਂ ਦੇ ਨਾਲ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਏ। ਮੌਸਮ ਵਿਭਾਗ ਨੇ ਇਹ ਵੀ ਕਿਹਾ ਏ ਕਿ ਅਗਲੇ ਸੱਤ ਦਿਨਾਂ ਦੌਰਾਨ ਉੱਤਰ-ਪੂਰਬੀ ਭਾਰਤ ਵਿੱਚ ਕਈ ਥਾਵਾਂ 'ਤੇ ਗਰਜ ਅਤੇ ਬਿਜਲੀ ਦੇ ਨਾਲ ਦਰਮਿਆਨੀ ਬਾਰਿਸ਼ ਜਾਰੀ ਰਹਿ ਸਕਦੀ ਏ।